**ਰਾਗੁ ਆਸਾ ਮਹਲਾ ੫ ਘਰੁ ੧੩ ੴ ਸਤਿਗੁਰ ਪ੍ਰਸਾਦਿ ॥ ਸਤਿਗੁਰ ਬਚਨ ਤੁਮ੍ਹਾਰੇ ॥ ਨਿਰਗੁਣ ਨਿਸਤਾਰੇ ॥੧॥ ਰਹਾਉ ॥ ਮਹਾ ਬਿਖਾਦੀ ਦੁਸਟ ਅਪਵਾਦੀ ਤੇ ਪੁਨੀਤ ਸੰਗਾਰੇ ॥੧॥ ਜਨਮ ਭਵੰਤੇ ਨਰਕਿ ਪੜੰਤੇ ਤਿਨ੍ਹ੍ਹ ਕੇ ਕੁਲ ਉਧਾਰੇ ॥੨॥ ਕੋਇ ਨ ਜਾਨੈ ਕੋਇ ਨ ਮਾਨੈ ਸੇ ਪਰਗਟੁ ਹਰਿ ਦੁਆਰੇ ॥੩॥ ਕਵਨ ਉਪਮਾ ਦੇਉ ਕਵਨ ਵਡਾਈ ਨਾਨਕ ਖਿਨੁ ਖਿਨੁ ਵਾਰੇ ॥੪॥੧॥੧੪੧॥** {ਪੰਨਾ 406}

ਪਦਅਰਥ:- ਸਤਿਗੁਰ—ਹੇ ਸਤਿਗੁਰੂ! ਨਿਰਗੁਣ—ਗੁਣ-ਹੀਨ ਬੰਦੇ।1। ਰਹਾਉ।

ਬਿਖਾਦੀ—ਝਗੜਾਲੂ। ਅਪਵਾਦੀ—ਮੰਦੇ ਬਚਨ ਬੋਲਣ ਵਾਲੇ। ਤੇ—ਉਹ ਬੰਦੇ। ਸੰਗਾਰੇ—(ਤੇਰੀ) ਸੰਗਤਿ ਵਿਚ।1।

ਨਰਕਿ—ਨਰਕ ਵਿਚ।2।

ਮਾਨੈ—ਆਦਰ ਦੇਂਦਾ। ਦੁਆਰੇ—ਦੁਆਰਿ, ਦਰ ਤੇ।3।

ਦੇਉ—ਮੈਂ ਦਿਆਂ। ਵਾਰੇ—ਕੁਰਬਾਨ।4।

ਅਰਥ:- ਹੇ ਸਤਿਗੁਰੂ! ਤੇਰੇ ਬਚਨਾਂ ਨੇ (ਤੇਰੀ ਸਰਨ ਪਏ ਅਨੇਕਾਂ) ਗੁਣ-ਹੀਣ ਬੰਦਿਆਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ।1। ਰਹਾਉ।

ਹੇ ਸਤਿਗੁਰੂ! ਤੇਰੀ ਸੰਗਤਿ ਵਿਚ ਰਹਿ ਕੇ ਉਹ ਬੰਦੇ ਭੀ ਪਵਿਤ੍ਰ ਆਚਰਣ ਵਾਲੇ ਬਣ ਗਏ ਜੇਹੜੇ ਪਹਿਲਾਂ ਬੜੇ ਖਰ੍ਹਵੇ ਸੁਭਾਵ ਵਾਲੇ ਸਨ, ਭੈੜੇ ਆਚਰਨ ਵਾਲੇ ਸਨ ਤੇ ਮੰਦੇ ਬੋਲ ਬੋਲਣ ਵਾਲੇ ਸਨ।1।

ਹੇ ਸਤਿਗੁਰੂ! ਤੂੰ ਉਹਨਾਂ ਬੰਦਿਆਂ ਦੀਆਂ ਕੁਲਾਂ ਦੀਆਂ ਕੁਲਾਂ (ਵਿਕਾਰਾਂ ਵਿਚ ਡਿੱਗਣ ਤੋਂ) ਬਚਾ ਲਈਆਂ, ਜੇਹੜੇ ਅਨੇਕਾਂ ਜੂਨਾਂ ਵਿਚ ਭਟਕਦੇ ਆ ਰਹੇ ਸਨ ਤੇ (ਜਨਮ ਮਰਨ ਦੇ ਗੇੜ ਦੇ) ਨਰਕ ਵਿਚ ਪਏ ਆ ਰਹੇ ਸਨ।2।

ਹੇ ਸਤਿਗੁਰੂ! ਤੇਰੀ ਮੇਹਰ ਨਾਲ ਉਹ ਮਨੁੱਖ ਭੀ ਪ੍ਰਭੂ ਦੇ ਦਰ ਤੇ ਆਦਰ-ਮਾਣ ਹਾਸਲ ਕਰਨ ਜੋਗੇ ਹੋ ਗਏ, ਜਿਨ੍ਹਾਂ ਨੂੰ ਪਹਿਲਾਂ ਕੋਈ ਜਾਣਦਾ-ਪਛਾਣਦਾ ਨਹੀਂ ਸੀ ਜਿਨ੍ਹਾਂ ਨੂੰ (ਜਗਤ ਵਿਚ) ਕੋਈ ਆਦਰ ਨਹੀਂ ਸੀ ਦੇਂਦਾ।1।

ਹੇ ਨਾਨਕ! (ਆਖ—ਹੇ ਸਤਿਗੁਰੂ!) ਮੈਂ ਤੇਰੇ ਵਰਗਾ ਹੋਰ ਕਿਸ ਨੂੰ ਆਖਾਂ? ਮੈਂ ਤੇਰੀ ਕੀਹ ਸਿਫ਼ਤਿ

ਕਰਾਂ? ਮੈਂ ਤੈਥੋਂ ਹਰੇਕ ਖਿਨ ਸਦਕੇ ਜਾਂਦਾ ਹਾਂ।4।1। 141।

ਨੋਟ:- ਇਥੋਂ ਘਰੁ 13 ਦੇ ਸ਼ਬਦਾਂ ਦਾ ਸੰਗ੍ਰਹ ਸ਼ੁਰੂ ਹੁੰਦਾ ਹੈ। ਵੇਖੋ ਅੰਕ ਨੰ: 1।